# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 12-05-2024**

ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੇ ਜੱਜ ਅਤੇ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਕਾਰਜਕਾਰੀ ਚੇਅਰਮੈਨ ਜਸਟਿਸ ਗੁਰਮੀਤ ਸਿੰਘ ਸੰਧਾਵਾਲੀਆ ਦੀ ਅਗਵਾਈ ਹੇਠ, ਕੱਲ ਸੂਬੇ ਭਰ ਵਿੱਚ ਕੌਮੀ ਲੋਕ ਅਦਾਲਤ ਲਗਾਈ ਗਈ । ਇਸ ਲੋਕ ਅਦਾਲਤ ਦੇ ਕੁੱਲ 371 ਬੈਂਚਾਂ ਵਿੱਚ ਕੋਈ 2 ਲੱਖ 87 ਹਜ਼ਾਰ ਮਾਮਲੇ ਸੁਣਵਾਈ ਲਈ ਪੇਸ਼ ਹੋਏ। ਲੋਕ ਅਦਾਲਤ ਵਿਚ ਦੀਵਾਨੀ, ਘਰੇਲੂ ਝਗੜੇ, ਜਾਇਦਾਦ ਦੇ ਝਗੜਿਆਂ, ਚੈੱਕ ਬਾਊਂਸ ਦੇ ਕੇਸ, ਮਜ਼ਦੂਰੀ ਸਬੰਧੀ ਮਾਮਲੇ, ਅਪਰਾਧਿਕ ਮਾਮਲਿਆਂ ਸਮੇਤ ਵੱਖ-ਵੱਖ ਐਫ.ਆਈ.ਆਰਜ਼ ਨਾਲ ਸਬੰਧਤ ਲੰਬੇ ਸਮੇਂ ਤੋਂ ਬਕਾਇਆ ਮਾਮਲਿਆਂ ’ਤੇ ਸੁਣਵਾਈ ਕੀਤੀ ਗਈ। ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਜ਼ਿਲ੍ਹਾ ਅਤੇ ਸੈਸ਼ਨ ਜੱਜ ਅਤੇ ਮੈਂਬਰ ਸਕੱਤਰ ਮਨਜਿੰਦਰ ਸਿੰਘ ਅਤੇ ਵਧੀਕ ਮੈਂਬਰ ਸਕੱਤਰ ਸਮ੍ਰਿਤੀ ਧੀਰ ਨੇ, ਕੋਰਟ ਕੰਪਲੈਕਸ ਲੁਧਿਆਣਾ ਦਾ ਦੌਰਾ ਕਰਕੇ ਲੋਕ ਅਦਾਲਤਾਂ ਦੇ ਬੈਚਾਂ ਦਾ ਨਿਰੀਖਣ ਕੀਤਾ। ਮੈਂਬਰ ਸਕੱਤਰ

ਨੇ ਦੱਸਿਆ ਕਿ ਇਸ ਕੌਮੀ ਲੋਕ ਅਦਾਲਤ ਦਾ ਮੁੱਖ ਮੰਤਵ ਆਪਸੀ ਸਮਝੌਤੇ ਰਾਹੀਂ ਝਗੜਿਆਂ ਦਾ ਨਿਪਟਾਰਾ ਕਰਵਾਉਣਾ ਏ। ਲੋਕਾਂ ਨੂੰ ਬਦਲਵੇਂ ਝਗੜਾ ਨਿਵਾਰਣ ਕੇਂਦਰਾਂ ਰਾਹੀਂ ਝਗੜਿਆਂ ਦਾ ਨਿਪਟਾਰਾ ਕਰਵਾਉਣਾ ਚਾਹੀਦਾ ਏ ਕਿਉਂ ਜੋ ਇਸ ਨਾਲ ਲੋਕਾਂ ਦੇ ਕੀਮਤੀ ਸਮੇਂ ਅਤੇ ਪੈਸੇ ਦੀ ਬੱਚਤ ਹੁੰਦੀ ਏ । ਉਨ੍ਹਾਂ ਦੱਸਿਆ ਕਿ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਲੋਕਾਂ ਦੇ ਫੈਸਲੇ ਕਰਵਾਉਣ ਲਈ ਵਚਨਬੱਧ ਏ । ਉਨ੍ਹਾਂ ਲੋਕਾਂ ਨੂੰ, ਕੌਮੀ ਲੋਕ ਅਦਾਲਤਾਂ ਵਿਚ ਆਪਣੇ ਕੇਸਾਂ ਦਾ ਫੈਸਲਾ ਕਰਵਾ ਕੇ ਵੱਧ ਤੋਂ ਵੱਧ ਲਾਭ ਪ੍ਰਾਪਤ ਕਰਨ ਦੀ ਅਪੀਲ ਕੀਤੀ ।

---------------------------------------------------------

ਸ੍ਰੀ ਆਨੰਦਪੁਰ ਸਾਹਿਬ ਲੋਕਸਭਾ ਹਲਕੇ ਤੋਂ, ਭਾਰਤੀ ਜਨਤਾ ਪਾਰਟੀ ਦੇ ਉਮੀਦਵਾਰ ਡਾ: ਸੁਭਾਸ਼ ਸ਼ਰਮਾ ਦੀ ਚੋਣ ਮੁਹਿੰਮ ਨੂੰ ਹੋਰ ਤੇਜ਼ ਕਰਨ ਲਈ, ਪਾਰਟੀ ਨੇ ਕੱਲ੍ਹ ਜਨ ਸੰਪਰਕ ਮੁਹਿੰਮ ਸ਼ੁਰੂ ਕਰਦਿਆਂ ਵਿਧਾਨ ਸਭਾ ਹਲਕਾ ਖਰੜ, ਬਲਾਚੌਰ ਅਤੇ ਨਵਾਂਸ਼ਹਿਰ ਵਿਖੇ ਵਰਕਰ ਕਾਨਫਰੰਸਾਂ ਕੀਤੀਆਂ। ਇਸ ਮੌਕੇ ਵਰਕਰਾਂ ਨੂੰ ਸੰਬੋਧਨ ਕਰਦਿਆਂ, ਪਾਰਟੀ ਦੇ ਸੀਨੀਅਰ ਆਗੂ ਅਤੇ ਕੇਂਦਰੀ ਮੰਤਰੀ ਗਜੇਂਦਰ ਸਿੰਘ ਸ਼ੇਖਾਵਤ ਨੇ ਕਿਹਾ ਕਿ ਪਹਿਲੀ ਜੂਨ ਨੂੰ ਪੂਰਾ ਪੰਜਾਬ, ਵਿਕਸਤ

ਭਾਰਤ ਲਈ ਵੋਟ ਕਰੇਗਾ । ਉਨਾਂ ਕਿਹਾ ਕਿ ਭਗਵੰਤ ਮਾਨ ਦੀ ਅਗਵਾਈ ਹੇਠ ਦੋ ਸਾਲਾਂ ਤੋਂ ਪੰਜਾਬ ਵਿੱਚ ਚੱਲ ਰਹੀ ਆਮ ਆਦਮੀ ਪਾਰਟੀ ਦੀ ਸਰਕਾਰ ਦੀ ਇੱਕੋ ਇੱਕ ਪ੍ਰਾਪਤੀ ਏ, ਕਿ ਇਸ ਨੇ ਪੰਜਾਬ ਨੂੰ ਕਰਜ਼ੇ ਦੇ ਬੋਝ ਹੇਠ ਦੱਬ ਦਿੱਤਾ ਏ । ਪਾਰਟੀ ਦੀਆਂ ਗਲਤ ਨੀਤੀਆਂ ਕਾਰਨ ਸੂਬੇ ਦਾ ਮਾਲੀਆ ਨਹੀਂ ਵਧ ਰਿਹਾ ਅਤੇ ਸਰਕਾਰ ਕਰਜ਼ਾ ਲੈ ਕੇ ਰੁਟੀਨ ਦੇ ਪ੍ਰਸ਼ਾਸਨਿਕ ਕੰਮ ਕਰਨ ਲਈ ਮਜਬੂਰ ਏ । ਉਨ੍ਹਾਂ ਕਿਹਾ ਕਿ ਸੂਬੇ ਦੇ ਲੋਕਾਂ ਨੇ ਅਕਾਲੀ ਦਲ, ਕਾਂਗਰਸ ਅਤੇ ਆਮ ਆਦਮੀ ਪਾਰਟੀ ਨੂੰ ਅਜ਼ਮਾਇਆ ਏ ਅਤੇ ਹੁਣ ਉਨ੍ਹਾਂ ਦੇ ਸਾਹਮਣੇ BJP ਹੀ ਇੱਕ ਵਧੀਆ ਵਿਕਲਪ ਬਣ ਕੇ ਉੱਭਰੀ ਏ ।

---------------------------------------------------

ਲੋਕ ਸਭਾ ਹਲਕਾ ਸੰਗਰੂਰ ਤੋਂ ਸ਼੍ਰੋਮਣੀ ਅਕਾਲੀ ਦਲ ਦੇ ਉਮੀਦਵਾਰ ਇਕਬਾਲ ਸਿੰਘ ਝੂੰਦਾ ਦੀ ਚੋਣ ਮੁਹਿੰਮ ਦੌਰਾਨ ਸੁਨਾਮ ਵਿਖੇ ਹਲਕਾ ਸੁਨਾਮ, ਲਹਿਰਾ ਅਤੇ ਦਿੜਬਾ ਦੇ ਵਰਕਰਾਂ ਦੇ ਵਡੇ ਇਕੱਠ ਨੂੰ ਸੰਬੋਧਨ ਕਰਦਿਆਂ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਸਿਰਫ਼ ਇਕ ਸਿਆਸੀ ਪਾਰਟੀ ਹੀ ਨਹੀਂ ਬਲਕਿ ਇਹ

ਇਕ ਸੋਚ ਏ ਅਤੇ ਪੰਥ ਦੀ ਫੌਜ ਏ। ਆਪਣੀਆਂ ਪਿਛਲੀਆਂ ਸਰਕਾਰਾਂ ਦੀਆਂ ਪ੍ਰਾਪਤੀਆਂ ਗਿਣਾਉਂਦਿਆਂ ਉਨ੍ਹਾਂ ਕਿਹਾ ਕਿ ਪੰਜਾਬ ਵਿਚ ਚੱਲ ਰਹੇ ਟਿਊਬਵੈਲ ਕੁਨੈਕਸ਼ਨ ਵੀ ਅਕਾਲੀ ਸਰਕਾਰ ਵਲੋਂ ਹੀ ਕਿਸਾਨਾਂ ਨੂੰ ਦਿੱਤੇ ਗਏ ਸਨ। ਇਸ ਦੇ ਨਾਲ ਹੀ ਸੂਬੇ ਵਿਚ ਬਿਜਲੀ ਪੂਰੀ ਕਰਨ ਲਈ ਸਾਰੇ ਦੇ ਸਾਰੇ ਥਰਮਲ ਪਲਾਂਟ ਵੀ ਅਕਾਲੀ ਸਰਕਾਰ ਵੇਲੇ ਹੀ ਬਣੇ ਨੇ ਅਤੇ ਭਾਖੜਾ ਡੈਮ ਤੋਂ ਬਿਨਾਂ ਪੰਜਾਬ ਦੇ ਸਾਰੇ ਡੈਮ ਵੀ ਅਕਾਲੀ ਸਰਕਾਰ ਦੀ ਦੇਣ ਨੇ। ਉਨਾਂ ਕਿਹਾ ਕਿ ਕਾਂਗਰਸ ਪਾਰਟੀ ਆਪਣੇ 10 ਸਾਲਾਂ ਦੀ ਕੋਈ ਵੀ ਪ੍ਰਾਪਤੀ ਨਹੀ ਗਿਣਵਾ ਸਕਦੀ ਜਦੋਂ ਕਿ ਆਮ ਆਦਮੀ ਪਾਰਟੀ ਸਰਕਾਰ ਦੇ ਸਮੇ ਘਰ-ਘਰ ਨਸ਼ਾ ਪਹੁੰਚ ਗਿਆ ਏ।

---------------------------------------------------------

ਅੱਜ ਦੁਨੀਆ ਭਰ 'ਚ 'ਮਾਂ ਦਿਵਸ' ਮਨਾਇਆ ਜਾ ਰਿਹਾ ਏ। ਇਹ ਦਿਹਾੜਾ ਹਰ ਸਾਲ ਮਈ ਦੇ ਦੂਜੇ ਐਤਵਾਰ ਨੂੰ ਮਨਾਇਆ ਜਾਂਦਾ ਏ। ਮਾਂ ਪ੍ਰਮਾਤਮਾ ਵੱਲੋਂ ਦਿੱਤਾ ਗਿਆ ਤੋਹਫ਼ਾ ਏ, ਜਿਸ ਦੀ ਜੜ੍ਹ ਦਇਆ, ਪਾਲਣ ਪੋਸ਼ਣ ਅਤੇ ਬੇਅੰਤ ਕੁਰਬਾਨੀਆਂ ਨਾਲ ਜੁੜੀ ਹੋਈ ਏ , ਜੋ ਘਰ ਅਤੇ ਚੁੱਲ੍ਹੇ ਨੂੰ ਨਿੱਘ ਅਤੇ ਅਸੀਸਾਂ ਦਾ ਸਥਾਨ ਬਣਾਉਂਦੀ ਏ। ਮਾਂ ਦਿਵਸ ਬਹੁਤ ਮਹੱਤਵ ਰੱਖਦਾ ਏ, ਕਿਉਂਕਿ ਇਹ ਉਹਨਾਂ ਦੀ ਹੋਂਦ

ਦਾ ਜਸ਼ਨ, ਉਹਨਾਂ ਦੁਆਰਾ ਝੱਲਣ ਵਾਲੀਆਂ ਮੁਸ਼ਕਲਾਂ ਅਤੇ ਉਹਨਾਂ ਵਲੋਂ ਨਿਭਾਏ ਫਰਜ਼ਾਂ ਲਈ ਹਰ ਮਾਂ ਦਾ ਸਨਮਾਨ ਅਤੇ ਧੰਨਵਾਦ ਕਰਨ ਲਈ ਮਨਾਇਆ ਜਾਂਦਾ ਏ । ਮਾਂ ਦਿਵਸ ਪਹਿਲੀ ਵਾਰ 1908 ਵਿੱਚ ਮਨਾਇਆ ਗਿਆ ਸੀ। ਇਸ ਮੌਕੇ ਬਠਿੰਡਾ ਸਥਿਤ ਪੁਲਿਸ ਪਬਲਿਕ ਸਕੂਲ ਵਿਖੇ ਵਿਸ਼ੇਸ਼ ਪ੍ਰਾਰਥਨਾ ਸਭਾ ਕਰਵਾਈ ਗਈ । 6ਵੀਂ ਤੋਂ ਲੈਕੇ 8ਵੀਂ ਜਮਾਤ ਦੇ ਵਿਦਿਆਰਥੀਆਂ ਨੇ ਭਾਸ਼ਣ, ਕਵਿਤਾ, ਸਕਿੱਟ ਅਤੇ ਨ੍ਰਿਤ ਦੀ ਪੇਸ਼ਕਾਰੀ ਕੀਤੀ । ਇਸ “ਮਾਂ ਦਿਵਸ” ਪ੍ਰੋਗਰਾਮ ਦੌਰਾਨ ਵਿਦਿਆਰਥੀਆਂ ਵਲੋਂ ਮਾਂ ਵੱਲੋਂ ਕੀਤੀ ਜਾਣ ਵਾਲੀ ਮੇਹਨਤ ਅਤੇ ਸੰਘਰਸ਼ ਨੂੰ ਮੱਦੇਨਜ਼ਰ ਰੱਖਣ ਵਾਲੇ ਗੀਤ ਅਤੇ ਨਾਟਕ ਵੀ ਪੇਸ਼ ਕੀਤਾ ਗਿਆ। ਸਕੂਲ ਦੇ ਪ੍ਰਿੰਸੀਪਲ ਮੈਡਮ ਮੋਨਿਕਾ ਸਿੰਘ ਨੇ ਵਿਦਿਆਰਥੀਆਂ ਅਤੇ ਸਕੂਲ ਸਟਾਫ਼ ਕਰਚਮਾਰੀਆਂ ਨੂੰ ਮਾਂ ਦਿਵਸ ਦੀ ਵਧਾਈ ਦਿੰਦਆਂ ਪ੍ਰੋਗਰਾਮ ਦੀ ਸ਼ਲਾਘਾ ਕੀਤੀ। ਉਨ੍ਹਾਂ ਵਿਦਿਆਰਥੀਆਂ ਨੂੰ ਆਪਣੇ ਮਾਤਾ-ਪਿਤਾ ਨੂੰ ਸਤਿਕਾਰ ਦੇਣ, ਬੁਢਾਪੇ ਵਿੱਚ ਉਨ੍ਹਾਂ ਦੀ ਸੇਵਾ ਅਤੇ ਸਾਂਭ-ਸੰਭਾਲ ਕਰਨ ਤੋਂ ਇਲਾਵਾ ਉਨ੍ਹਾਂ ਵਲੋਂ ਦਿੱਤੀਆਂ ਸਿਖਿਆਵਾਂ ਤੇ ਚੱਲਣ ਲਈ ਜਾਗਰੂਕ ਤੇ ਪ੍ਰੇਰਿਤ ਕੀਤਾ ।

---------------------------------------------------------------

ਉੱਤਰਾਖੰਡ ਦੇ ਚਮੋਲੀ ਜ਼ਿਲ੍ਹੇ ਵਿੱਚ ਸਥਿਤ ਪ੍ਰਸਿੱਧ ਬਦਰੀਨਾਥ ਧਾਮ ਦੇ

ਦਰਵਾਜ਼ੇ ਅੱਜ ਸਵੇਰੇ 6 ਵਜੇ ਵੈਦਿਕ ਮੰਤਰ ਜਾਪ ਨਾਲ ਖੋਲ੍ਹੇ ਗਏ। ਇਸ ਮੌਕੇ ਵੱਡੀ ਗਿਣਤੀ ਵਿਚ ਸ਼ਰਧਾਲੂ ਮੌਜੂਦ ਰਹੇ । ਇਸ ਮੌਕੇ ਬਦਰੀਨਾਥ ਮੰਦਰ ਨੂੰ ਫੁੱਲਾਂ ਨਾਲ ਸਜਾਇਆ ਗਿਆ। ਇਸ ਤੋਂ ਪਹਿਲਾਂ ਕੇਦਾਰਨਾਥ, ਯਮੁਨੋਤਰੀ ਅਤੇ ਗੰਗੋਤਰੀ ਧਾਮ ਦੇ ਦਰਵਾਜ਼ੇ 10 ਵੀ ਮਈ ਨੂੰ ਖੋਲ੍ਹੇ ਗਏ ਸਨ।

---------------------------------------------------------------

ਸਿੱਖ ਕੌਮ ਦੇ ਮਹਾਨ ਜਰਨੈਲ ਬਾਬਾ ਬੰਦਾ ਸਿੰਘ ਬਹਾਦਰ ਵਲੋ 12 ਮਈ 1710 ਨੂੰ, ਸੂਬਾ ਸਰਹੰਦ ਵਜੀਦ ਖਾਨ ਨੂੰ ਚੱਪੜਚਿੜੀ ਪਿੰਡ ਦੇ ਇਤਿਹਾਸਕ ਮੈਦਾਨ ਵਿੱਚ ਮੌਤ ਦੇ ਘਾਟ ਉਤਾਰ ਕੇ, ਛੋਟੇ ਸਾਹਿਬਜਾਦਿਆਂ ਦੀ ਮੌਤ ਦਾ ਬਦਲਾ ਲੈਣ ਮਗਰੋਂ ਸਰਹਿੰਦ ਫਤਿਹ ਕੀਤਾ ਗਿਆ। ਇਸ ਦੀ ਯਾਦ ਵਿੱਚ ਹਰ ਸਾਲ 12 ਮਈ ਨੂੰ ਇਕ ਫਤਿਹ ਮਾਰਚ ਵਜੋਂ, ਚੱਪੜਚਿੜੀ ਪਿੰਡ ਦੇ ਗੁਰੂਦਵਾਰਾ ਸ੍ਰੀ ਫਤਿਹ ਜੰਗ ਸਾਹਿਬ ਵਿਖੇ, ਗੂਰ ਗ੍ਰੰਥ ਸਾਹਿਬ ਦੀ ਪਾਵਨ ਹਜ਼ੂਰੀ 'ਚ ਨਗਰ ਕੀਰਤਨ ਕਢਿਆ ਜਾਂਦਾ ਏ। ਇਸੇ ਤਹਿਤ ਅੱਜ ਚੱਪੜਚਿੜੀ ਪਿੰਡ ਤੋਂ ਬੀਤੇ ਦਿਨੀਂ ਅਰੰਭੇ ਅਖੰਡ ਪਾਠ ਦੇ ਭੋਗ ਉਪਰੰਤ ਅਰਦਾਸ ਮਗਰੋ ਕੱਢਿਆ ਗਿਆ। ਇਸ ਮੌਕੇ ਢਾਡੀ ਜੱਥੇ ਨੇ ਵਾਰਾਂ ਵੀ ਗਾਈਆਂ ਅਤੇ ਬੰਦਾ ਬਹਾਦਰ ਦੀ ਸ਼ਹਾਦਤ ਨੂੰ ਚੇਤੇ ਕਰਾਇਆ। ਇਸ ਮੌਕੇ ਸ਼੍ਰੋਮਣੀ

ਗੁਰਦੁਆਰਾ ਪ੍ਰਬਧੰਕ ਕਮੇਟੀ ਦੇ ਪ੍ਰਧਾਨ ਹਰਜਿੰਦਰ ਸਿੰਘ ਧਾਮੀ, ਤਖਤ ਕੇਸ਼ਗੜ੍ਹ ਸਾਹਿਬ ਦੇ ਜਥੇਦਾਰ  ਗਿਆਨੀ ਸੁਲਤਾਨ ਸਿੰਘ, ਬਾਬਾ ਬੁੱਢਾ ਦਲ ਦੇ ਪ੍ਰਧਾਨ ਬਾਬਾ ਬਲਬੀਰ ਸਿੰਘ 96 ਕਰੋੜੀ, ਸਮੇਤ ਹੋਰ ਆਗੂ ਵੀ ਮੌਜੂਦ ਰਹੇ ।